**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 10/130-06ਅ3(4) ਕੋ:ਸੈ:4

ਮਿਤੀ, ਐਸ.ਏ.ਐਸ.ਨਗਰ :- 14.07.15

ਸ੍ਰੀਮਤੀ ਸੋਹਜਪ੍ਰੀਤ ਕੌਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਫੇਰੂਮਾਨ, ਲੀਅਨ ਚੀਮਾਬਾਠ, ਜਿਲਾ ਅੰਮ੍ਰਿਤਸਰ ਜੋ ਕਿ ਮਿਤੀ 01.12.2005 ਤੋਂ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲੀ ਆ ਰਹੀ ਹੈ, ਨੂੰ ਡਾਇਰੈਕਟੋਰੇਟ ਦੇ ਹੁਕਮ ਨੰ: 10/130-06 ਅ3(4) ਮਿਤੀ 22.08.06/11.10.06 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਸੋਹਜਪ੍ਰੀਤ ਕੌਰ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ਼੍ਰੀਮਤੀ ਨੀਲਮ ਭਗਤ,ਪ੍ਰਿੰਸੀਪਲ, ਸ:ਸ:ਸ:ਸ: ਮਾਲਰੋਡ, ਅੰਮ੍ਰਿਤਸਰ ਨੂੰ ਡਾਇਰੈਕਟੋਰੇਟ ਦੇ ਹੁਕਮ 10/130-06 ਅ3(4) ਮਿਤੀ 20.07.2007/31.07.2007 ਰਾਹੀਂ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਣ ਵਿਰੁੱਧ ਮਿਤੀ 01.12.2005 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀਮਤੀ ਸੋਹਜਪ੍ਰੀਤ ਕੌਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਫੇਰੂਮਾਨ ਲੀਅਨ ਚੀਮਾਬਾਠ, ਜਿਲਾ ਅੰਮ੍ਰਿਤਸਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 30.04.15 ਨੂੰ ਅਜੀਤ ਅਖਬਾਰ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਅਤੇ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛਪਣ ਦੇ 21 ਦਿਨਾਂ ਦੇ ਅੰਦਰ-ਅੰਦਰ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ,ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਸੋਹਜਪ੍ਰੀਤ ਕੌਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਫੇਰੂਮਾਨ, ਲੀਅਨ ਚੀਮਾਬਾਠ, ਜਿਲਾ ਅੰਮ੍ਰਿਤਸਰ ਦੇ ਮਿਤੀ 01.12.2005 ਤੋਂ ਹੁਣ ਤੱਕ ਲਗਾਤਾਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਜਾਣਬੁਝ ਕੇ ਗੈਰ ਹਾਜ਼ਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ

ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 13204-08 ਮਿਤੀ, ਐਸ.ਏ.ਐਸ.ਨਗਰ :- 16/7/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. (ਰਜਿ) ਮੁੱਖਅਧਿਆਪਕ, ਸਰਕਾਰੀ ਹਾਈ ਸਕੂਲ, ਚੀਮਾਬਾਠ, ਜਿਲਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਮੁੱਖਅਧਿਆਪਕ, ਸਰਕਾਰੀ ਹਾਈ ਸਕੂਲ, ਫੇਰੂਮਾਨ, ਜਿਲਾ ਅੰਮ੍ਰਿਤਸਰ ਨੂੰ ਸੂਚਨਾ ਹਿਤ।
5. ਸ੍ਰੀਮਤੀ ਸੋਹਜਪ੍ਰੀਤ ਕੌਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਫੇਰੂਮਾਨ ਲੀਅਨ ਚੀਮਾਬਾਠ, ਜਿਲਾ ਅੰਮ੍ਰਿਤਸਰ ।

ਨੱਥੀ:ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/145-08 ਅ3(4) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :-14.07.15

ਸ੍ਰੀਮਤੀ ਸੰਦੀਪ ਕੌਰ, ਸ.ਸ. ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਵਡਾਲਾ ਜੌਹਲ, ਜਿਲਾ ਅੰਮ੍ਰਿਤਸਰ ਜੋ ਕਿ ਮਿਤੀ 29.09.2008 ਤੋਂ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲੀ ਆ ਰਹੀ ਹੈ, ਨੂੰ ਡਾਇਰੈਕਟੋਰੇਟ ਦੇ ਹੁਕਮ ਨੰ: 10/145-08 ਅ3(4) ਮਿਤੀ 31.12.09/05.03.09 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਸੰਦੀਪ ਕੌਰ, ਸ.ਸ. ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਵਡਾਲਾ ਜੌਹਲ, ਜਿਲਾ ਅੰਮ੍ਰਿਤਸਰ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ ਉਸ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ਼੍ਰੀਮਤੀ ਸੁਖਵਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ(ਸੈ:ਸਿ:) ਅੰਮ੍ਰਿਤਸਰ ਨੂੰ ਡਾਇਰੈਕਟੋਰੇਟ ਦੇ ਹੁਕਮ 10/145-08 ਅ3(4) ਮਿਤੀ 02.05.2011/16.05.2011 ਰਾਹੀਂ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 29.09.2008 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀਮਤੀ ਸੰਦੀਪ ਕੌਰ, ਸ.ਸ. ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਵਡਾਲਾ ਜੌਹਲ, ਜਿਲਾ ਅੰਮ੍ਰਿਤਸਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 30.04.15 ਨੂੰ ਅਜੀਤ ਅਖਬਾਰ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਅਤੇ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛਪਣ ਦੇ 21 ਦਿਨਾਂ ਦੇ ਅੰਦਰ-ਅੰਦਰ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ,ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਸੰਦੀਪ ਕੌਰ, ਸ.ਸ. ਮਿਸਟ੍ਰੈਸ, ਸਰਕਾਰੀ ਹਾਈ ਸਕੂਲ ਵਡਾਲਾ ਜੌਹਲ, ਜਿਲਾ ਅੰਮ੍ਰਿਤਸ਼ਰ ਦੇ ਮਿਤੀ 29.09.2008 ਤੋਂ ਹੁਣ ਤੱਕ ਲਗਾਤਾਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਜਾਣਬੁਝ ਕੇ ਗੈਰ ਹਾਜ਼ਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 13375-78 ਮਿਤੀ, ਐਸ.ਏ.ਐਸ.ਨਗਰ :- 20/7/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਮੁੱਖਅਧਿਆਪਕ,ਸਰਕਾਰੀ ਹਾਈ ਸਕੂਲ, ਵਡਾਲਾ ਜੋਹਲ, ਜਿਲਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਸੰਦੀਪ ਕੌਰ, ਸ:ਸ: ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਵਡਾਲਾ ਜੋਹਲ,ਜਿਲਾ ਅੰਮ੍ਰਿਤਸਰ ।

ਸੁਪਰਡੰਟ ਕੋਆਰਡੀਨੇਸ਼ਨ ਸੈਲ